# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 21-03-2025**

- ਪੰਜਾਬ ਵਿਧਾਨ ਸਭਾ ਦਾ ਬਜਟ ਇਜਲਾਸ ਅੱਜ ਰਾਜਪਾਲ ਦੇ ਭਾਸ਼ਣ ਨਾਲ ਹੋਇਆ ਸ਼ੁਰੂ – ਮਾਲੀ ਵਰ੍ਹੇ 2025-26 ਲਈ ਸੂਬੇ ਦਾ ਬਜਟ 26 ਮਾਰਚ ਨੂੰ ਪੇਸ਼ ਕੀਤਾ ਜਾਵੇਗਾ- ਬਜਟ ਅਨੁਮਾਨਾਂ 'ਤੇ ਚਰਚਾ 27 ਮਾਰਚ ਨੂੰ ਹੋਵੇਗੀ।
- ਪੰਜਾਬ ਮੰਤਰੀ ਮੰਡਲ ਨੇ ਅੱਜ 'ਪੰਜਾਬ ਰਾਈਟ ਆਫ ਚਿਲਡਰਨ ਟੂ ਫਰੀ ਐਂਡ ਕੰਪਲਸਰੀ ਐਜੂਕੇਸ਼ਨ ਰੂਲਜ਼-2011' ਵਿੱਚ ਸੋਧ ਨੂੰ ਪ੍ਰਵਾਨਗੀ ਦੇ ਦਿੱਤੀ ਏ।
- ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਗਰੁੱਪ-ਏ ਲਈ ਨਵੇਂ ਨਿਯਮ ਬਣਾਉਣ ਨੂੰ ਵੀ ਮਨਜ਼ੂਰੀ ਮਿਲੀ।
- ਸਰਕਾਰ ਨੇ ਕਿਹਾ ਏ ਕਿ ਭਾਰਤ, ਇਸ ਸਾਲ ਟੀ. ਬੀ. ਮੁਕਤ ਰਾਸ਼ਟਰ ਬਣਨ ਲਈ ਤੇਜ਼ੀ ਨਾਲ ਅੱਗੇ ਵਧ ਰਿਹਾ ਏ।

- ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਲੰਧਰ ਦੇ ਭਾਰਗਵ ਕੈਂਪ ’ਚ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਦੀ ਗੈਰ-ਕਾਨੂੰਨੀ ਉਸਾਰੀ ਨੂੰ ਢਾਇਆ ਗਿਆ।

---------------------------------------------------------------

ਪੰਜਾਬ ਵਿਧਾਨ ਸਭਾ ਦਾ ਬਜਟ ਇਜਲਾਸ ਅੱਜ ਰਾਜਪਾਲ ਦੇ ਭਾਸ਼ਣ ਨਾਲ ਸ਼ੁਰੂ ਹੋਇਆ। ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦਿਆਂ ਵਿਧਾਨ ਸਭਾ ਦੇ ਮੈਂਬਰਾਂ ਦਾ 'ਜੋ ਬੋਲੇ ਸੋ ਨਿਹਾਲ' ਨਾਲ ਸਵਾਗਤ ਕੀਤਾ।

BYTE:

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ ਅਤੇ ਸਿਹਤ ਦੇ ਖੇਤਰ ਵਿਚ ਕਿ ਅਹਿਮ ਯੋਜਨਾਵਾਂ ਸ਼ੁਰੂ ਕੀਤੀਆਂ ਨੇ।

Byte:

ਸੂਬਾ ਸਰਕਾਰ ਵੱਲੋਂ ਕੀਤੀਆਂ ਗਈਆਂ ਵੱਖ-ਵੱਖ ਪਹਿਲਕਦਮੀਆਂ ਨੂੰ ਸੰਬੋਧਨ ਕਰਦਿਆਂ, ਰਾਜਪਾਲ ਨੇ ਕਿਹਾ ਕਿ ਸਰਕਾਰ ਨੇ ਨਸ਼ਿਆਂ ਖਿਲਾਫ ਜੰਗ ਲਈ ਇੱਕ ਉੱਚ-ਤਾਕਤੀ ਕਮੇਟੀ ਦਾ ਗਠਨ ਕੀਤਾ ਏ ।

Byte:

ਇਸ ਤੋਂ ਪਹਿਲਾਂ, ਰਾਜਪਾਲ ਦੇ ਭਾਸ਼ਣ ਦੌਰਾਨ, ਕਾਂਗਰਸੀ ਵਿਧਾਇਕਾਂ ਨੇ ਸੂਬਾ ਸਰਕਾਰ ਵੱਲੋਂ ਕਿਸਾਨਾਂ ਨਾਲ ਕੀਤੇ ਗਏ ਕਥਿਤ ਦੁਰ-ਵਿਵਹਾਰ ਅਤੇ ਪਟਿਆਲਾ ਵਿੱਚ ਪੁਲਿਸ ਵਲੋਂ ਕਰਨਲ ਦੀ ਕੁੱਟਮਾਰ ਦੇ ਮੁੱਦੇ ਨੂੰ ਸਹੀ ਢੰਗ ਨਾਲ ਸੰਭਾਲਣ ਵਿੱਚ ਕਥਿਤ ਅਸਫਲਤਾ ਦੇ ਵਿਰੋਧ ਵਿੱਚ ਬਾਹਾਂ 'ਤੇ ਕਾਲੀ ਪੱਟੀ ਬੰਨ੍ਹ ਕੇ ਵਿਧਾਨ ਸਭਾ ਵਿੱਚ ਪ੍ਰਵੇਸ਼ ਕੀਤਾ। ਵਿਧਾਇਕ ਸਦਨ ਦੇ ਵੈੱਲ ਵਿੱਚ ਦਾਖਲ ਹੋਏ ਅਤੇ ਵਾਕਆਊਟ ਕਰਨ ਤੋਂ ਪਹਿਲਾਂ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ। ਰਾਜਪਾਲ ਦੇ ਭਾਸ਼ਣ 'ਤੇ ਚਰਚਾ 24 ਮਾਰਚ ਨੂੰ ਹੋਵੇਗੀ । 2025-26 ਲਈ ਸੂਬੇ ਦਾ ਬਜਟ 26 ਮਾਰਚ ਨੂੰ ਪੇਸ਼ ਕੀਤਾ ਜਾਵੇਗਾ, ਅਤੇ ਬਜਟ ਅਨੁਮਾਨਾਂ 'ਤੇ ਚਰਚਾ 27 ਮਾਰਚ ਨੂੰ ਹੋਵੇਗੀ।

PN

---------------------------------------------------

ਪੰਜਾਬ ਮੰਤਰੀ ਮੰਡਲ ਨੇ ਅੱਜ 'ਪੰਜਾਬ ਰਾਈਟ ਆਫ ਚਿਲਡਰਨ ਟੂ ਫਰੀ ਐਂਡ ਕੰਪਲਸਰੀ ਐਜੂਕੇਸ਼ਨ ਰੂਲਜ਼-2011' ਵਿੱਚ ਸੋਧ ਨੂੰ ਪ੍ਰਵਾਨਗੀ ਦੇ ਦਿੱਤੀ ਏ । ਇਸ ਬਾਰੇ ਫੈਸਲਾ ਅੱਜ ਚੰਡੀਗੜ੍ਹ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ। ਮੁੱਖ ਮੰਤਰੀ ਦਫ਼ਤਰ ਦੇ ਇਕ ਬੁਲਾਰੇ ਨੇ ਦੱਸਿਆ ਕਿ ਇਸ ਸੋਧ ਦਾ ਮਨੋਰਥ ਸਕੂਲ ਪ੍ਰਬੰਧਕੀ ਕਮੇਟੀਆਂ ਵਿੱਚ ਮਾਪਿਆਂ ਦੇ ਨਾਲ-ਨਾਲ ਭਾਈਚਾਰਕ ਭਾਈਵਾਲੀ ਨੂੰ ਵਧਾਉਣਾ ਏ ਤਾਂ ਕਿ ਸਰਕਾਰੀ ਸਕੂਲਾਂ ਵਿੱਚ ਵਿਆਪਕ ਪੱਧਰ ਉਤੇ ਅਕਾਦਮਿਕ ਵਿਕਾਸ ਕੀਤਾ ਜਾ ਸਕੇ। ਇਸ ਸੋਧ ਨਾਲ ਸਰਕਾਰੀ ਸਕੂਲਾਂ ਦੀਆਂ ਸਕੂਲ ਪ੍ਰਬੰਧਕੀ ਕਮੇਟੀਆਂ ਵਿੱਚ ਮੈਂਬਰਾਂ ਦੀ ਗਿਣਤੀ ਮੌਜੂਦਾ 12 ਤੋਂ ਵਧ ਕੇ 16 ਹੋ ਜਾਵੇਗੀ, ਜਿਨ੍ਹਾਂ ਵਿੱਚ 12 ਮੈਂਬਰ ਵਿਦਿਆਰਥੀਆਂ ਦੇ ਮਾਪਿਆਂ ਤੋਂ ਹੋਣਗੇ ਜਦਕਿ ਬਾਕੀ ਚਾਰ ਮੈਂਬਰ ਸਿੱਖਿਆ, ਖੇਡ ਅਤੇ ਸਹਾਇਕ ਖੇਤਰਾਂ ਤੋਂ ਹੋਣਗੇ। ਇਸ ਨਾਲ ਵਿਸ਼ਾ ਅਧਾਰਿਤ ਗਤੀਵਿਧੀਆਂ ਵਿੱਚ ਮਾਪਿਆਂ ਅਤੇ ਵੱਖ-ਵੱਖ ਖੇਤਰਾਂ ਦੀਆਂ ਸ਼ਖਸੀਅਤਾਂ ਦੀ ਭਾਈਵਾਲੀ

ਵਧੇਗੀ ਅਤੇ ਖਾਸ ਮੁਹਾਰਤ ਹਾਸਲ ਹੋਵੇਗੀ। ਮੰਤਰੀ ਮੰਡਲ ਨੇ ਮੁਕੱਦਮਾ ਅਧੀਨ ਕੈਦੀਆਂ ਨੂੰ ਇਕ ਸੂਬੇ ਤੋਂ ਦੂਜੇ ਸੂਬੇ ਵਿੱਚ ਤਬਦੀਲ ਕਰਨ ਲਈ ਟਰਾਂਸਫਰ ਆਫ ਪ੍ਰੀਜ਼ਨ ਐਕਟ-1950 ਵਿੱਚ ਸੋਧ ਕਰਨ ਦੀ ਮਨਜ਼ੂਰੀ ਦੇ ਦਿੱਤੀ ਏ । ਇਹ ਪ੍ਰਕਿਰਿਆ ਦੋਵਾਂ ਸੂਬਿਆਂ ਦੀ ਸਹਿਮਤੀ ਨਾਲ ਕੀਤੀ ਜਾਵੇਗੀ, ਜਿੱਥੇ ਮੁਕੱਦਮਾ ਅਧੀਨ ਕੈਦੀ ਇਸ ਸਮੇਂ ਬੰਦ ਨੇ ਅਤੇ ਟ੍ਰਾਇਲ ਕੋਰਟ ਦੀ ਪ੍ਰਵਾਨਗੀ ਤੋਂ ਬਾਅਦ ਜਿਸ ਸੂਬੇ ਵਿੱਚ ਉਨ੍ਹਾਂ ਨੂੰ ਤਬਦੀਲ ਕੀਤਾ ਜਾਣਾ ਏ । ਇਹ ਕਦਮ ਪੰਜਾਬ ਦੀਆਂ ਜੇਲ੍ਹਾਂ ਵਿੱਚ ਭੀੜ-ਭੜੱਕੇ ਦੀ ਸਥਿਤੀ ਨੂੰ ਸੁਧਾਰਨ ਵਿੱਚ ਮਦਦਗਾਰ ਹੋਵੇਗਾ। ਮੰਤਰੀ ਮੰਡਲ ਨੇ ਜਨਤਕ ਹਿੱਤ ਵਿੱਚ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਗਰੁੱਪ-ਏ ਲਈ ਨਵੇਂ ਨਿਯਮ ਬਣਾਉਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ । ਇਸ ਨਾਲ ਵਿਭਾਗ ਦੇ ਕੰਮਕਾਜ ਨੂੰ ਸੁਚਾਰੂ ਬਣਾਉਣ ਵਿੱਚ ਮਦਦ ਮਿਲੇਗੀ ਜਿਸ ਨਾਲ ਕਮਜ਼ੋਰ ਅਤੇ ਪਛੜੇ ਵਰਗਾਂ ਨੂੰ ਬਹੁਤ ਲਾਭ ਹੋਵੇਗਾ। ਮੰਤਰੀ ਮੰਡਲ ਨੇ ਪੰਜਾਬ ਤੀਰਥ ਯਾਤਰਾ ਸਮਿਤੀ ਦੇ ਚੇਅਰਮੈਨ ਤੇ ਮੈਂਬਰਾਂ ਅਤੇ ਪੰਜਾਬ ਵਿਰਾਸਤ ਅਤੇ ਸੈਰ-

ਸਪਾਟਾ ਪ੍ਰਮੋਸ਼ਨ ਬੋਰਡ ਦੇ ਸਲਾਹਕਾਰ ਦੀ ਨਿਯੁਕਤੀ ਲਈ ਨਿਯਮਾਂ ਤੇ ਸ਼ਰਤਾਂ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ।

-------------------------------------------------------

ਸਰਕਾਰ ਨੇ ਕਿਹਾ ਏ ਕਿ ਭਾਰਤ ਇਸ ਸਾਲ ਟੀ. ਬੀ. ਮੁਕਤ ਰਾਸ਼ਟਰ ਬਣਨ ਵੱਲ ਤੇਜ਼ੀ ਨਾਲ ਅੱਗੇ ਵਧ ਰਿਹਾ ਏ। ਦੇਸ਼ ਵਿੱਚ ਟੀਬੀ ਦੇ ਮਾਮਲੇ 2015 ਵਿੱਚ ਪ੍ਰਤੀ ਲੱਖ 237 ਤੋਂ ਘਟ ਕੇ 2023 ਵਿੱਚ ਪ੍ਰਤੀ ਲੱਖ 195 ਰਹਿ ਗਏ ਨੇ। ਇਹ ਆਲਮੀ ਕਮੀ ਦੇ ਦੁਗਣੇ ਤੋਂ ਵੀ ਵੱਧ ਏ। ਲੋਕ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ ਪੂਰਕਾਂ ਦਾ ਜਵਾਬ ਦਿੰਦਿਆਂ ਸਿਹਤ ਰਾਜ ਮੰਤਰੀ ਅਨੁਪ੍ਰਿਆ ਪਟੇਲ ਨੇ ਕਿਹਾ ਕਿ ਸਰਕਾਰ ਦੇ ਨਿਰੰਤਰ ਯਤਨਾਂ ਸਦਕਾ ਦੇਸ਼ ਵਿੱਚ ਟੀ.ਬੀ ਦੇ ਇਲਾਜ ਦਾ ਦਾਇਰਾ 32 ਫੀਸਦੀ ਤੱਕ ਵਧ ਗਿਆ ਏ।

-------------------------------------------------------

ਪੰਜਾਬ ਸਰਕਾਰ ਵਲੋਂ ਬੀਤੇ ਦਿਨੀ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁਡੀਆਂ ਦੀ ਪ੍ਰਧਾਨਗੀ ਵਿਚ ਕਿਸਾਨ ਆਗੂਆਂ ਨੂੰ ਚੰਡੀਗੜ੍ਹ ਵਿਖੇ ਅੱਜ ਮੀਟਿੰਗ ਵਿਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਗਿਆ

ਸੀ। ਕਈ ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਅੱਜ ਬੁਲਾਈ ਗਈ ਮੀਟਿੰਗ ਵਿੱਚ ਹਿੱਸਾ ਲੈਣ ਦਾ ਐਲਾਨ ਕੀਤਾ ਸੀ, ਪਰ ਮੀਟਿੰਗ ਤੋਂ ਪਹਿਲਾਂ ਸੰਯੁਕਤ ਕਿਸਾਨ ਮੋਰਚੇ ਦੀ ਹੋਈ ਮੀਟਿੰਗ ਵਿੱਚ ਸ਼ਾਮਲ ਨਾ ਹੋਣ ਦਾ ਫੈਸਲਾ ਸਰਬਸੰਮਤੀ ਨਾਲ ਲਿਆ ਗਿਆ ਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਗੱਲਬਾਤ ਤੋਂ ਪਹਿਲਾਂ ਮਾਹੌਲ ਨੂੰ ਸੁਖਾਵਾਂ ਬਣਾਵੇ ਉਸਤੋਂ ਬਾਅਦ ਹੀ ਮੀਟਿੰਗ ਕੀਤੀ ਜਾ ਸਕਦੀ ਏ।

---------------------------------------------------

ਨਸ਼ਾ ਤਸਕਰਾਂ ਵੱਲੋਂ ਕੀਤੇ ਗਏ ਗੈਰ-ਕਾਨੂੰਨੀ ਕਬਜ਼ਿਆਂ ਖਿਲਾਫ਼ ਚੱਲ ਰਹੀ ਕਾਰਵਾਈ ਤਹਿਤ  ਜਲੰਧਰ ਨਗਰ ਨਿਗਮ ਵੱਲੋਂ ਕਮਿਸ਼ਨਰੇਟ ਪੁਲਿਸ ਜਲੰਧਰ ਨਾਲ ਮਿਲ ਕੇ ਅੱਜ ਤਿੰਨ ਨਸ਼ਾ ਤਸਕਰਾਂ ਨਾਲ ਸਬੰਧਤ ਇੱਕ ਦੋ ਮੰਜ਼ਿਲਾ ਜਾਇਦਾਦ ਨੂੰ ਢਾਹਿਆ ਗਿਆ। 'ਯੁੱਧ ਨਸ਼ਿਆਂ ਵਿਰੁਧ' ਤਹਿਤ ਗੈਰ-ਕਾਨੂੰਨੀ ਕਬਜ਼ਿਆਂ ਨੂੰ ਢਾਹੁਣ ਦੀ ਚੱਲ ਰਹੀ ਮੁਹਿੰਮ ਦੇ ਹਿੱਸੇ ਵਜੋਂ ਕਥਿਤ ਤੌਰ 'ਤੇ ਡਰੱਗ ਮਨੀ ਨਾਲ ਸਰਕਾਰੀ ਜ਼ਮੀਨ 'ਤੇ ਉਸਾਰੇ ਕਬਜ਼ੇ ਵਾਲੇ ਢਾਂਚੇ ਨੂੰ ਭਾਰਗਵ ਕੈਂਪ ਇਲਾਕੇ ਵਿੱਚ ਢਾਹਿਆ ਗਿਆ ਏ। ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ

ਦੱਸਿਆ ਕਿ ਨਗਰ ਨਿਗਮ ਨੂੰ ਨਸ਼ਾ ਤਸਕਰਾਂ ਵਰਿੰਦਰ ਉਰਫ਼ ਮੌਲਾ, ਜਤਿੰਦਰ ਉਰਫ਼ ਜਿੰਦਰ ਅਤੇ ਰੋਹਿਤ ਕੁਮਾਰ ਉਰਫ਼ ਕਾਕਾ ਤਿੰਨੇ ਭਰਾਵਾਂ ਵੱਲੋਂ ਸਰਕਾਰੀ ਜ਼ਮੀਨ ’ਤੇ ਗੈਰ ਕਾਨੂੰਨੀ ਉਸਾਰੀ ਬਾਰੇ ਜਾਣਕਾਰੀ ਮਿਲੀ ਸੀ। ਇਹ ਤਿੰਨੇ ਭਰਾ ਮੌਜੂਦਾ ਸਮੇਂ ਜੇਲ ਵਿੱਚ ਬੰਦ ਨੇ । ਉਨ੍ਹਾਂ ਕਿਹਾ ਕਿ ਇਹ ਜਾਇਦਾਦ ਕਥਿਤ ਤੌਰ ’ਤੇ ਨਸ਼ਿਆਂ ਦੇ ਨਾਜਾਇਜ਼ ਧੰਦੇ ਤੋਂ ਪ੍ਰਾਪਤ ਪੈਸੇ ਤੋਂ ਬਣਾਈ ਗਈ ਸੀ। ਨਗਰ ਨਿਗਮ ਅਤੇ ਪੁਲਿਸ ਟੀਮਾਂ ਨੇ ਤੁਰੰਤ ਕਾਰਵਾਈ ਕਰਦਿਆਂ ਕਬਜ਼ੇ ਵਾਲੇ ਢਾਂਚੇ ਨੂੰ ਢਾਹ ਦਿੱਤਾ, ਉਨ੍ਹਾਂ ਦੱਸਿਆ ਕਿ ਕਿਹਾ ਕਿ ਮੁਲਜ਼ਮਾਂ ਵਿਰੁੱਧ ਐਨ.ਡੀ.ਪੀ.ਐਸ. ਐਕਟ, ਐਕਸਾਈਜ਼ ਐਕਟ ਅਤੇ ਹੋਰ ਅਪਰਾਧਿਕ ਧਾਰਾਵਾਂ ਤਹਿਤ ਕੁੱਲ 15 ਮਾਮਲੇ ਦਰਜ ਨੇ । ਕਮਿਸ਼ਨਰੇਟ ਪੁਲਿਸ ਨੇ ਨਾਗਰਿਕਾਂ ਨੂੰ ਜਲੰਧਰ ਨੂੰ ਨਸ਼ਾ ਮੁਕਤ ਬਣਾਉਣ ਦੇ ਯਤਨਾਂ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ।

---------------------------------------------------------------

ਅੱਜ ਵਿਸ਼ਵ ਡਾਊਨ ਸਿੰਡਰੋਮ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਡਾਊਨ ਸਿੰਡਰੋਮ ਤੋਂ ਪੀੜ੍ਹਿਤ ਲੋਕਾਂ ਨੂੰ ਮਜ਼ਬੂਤ ਕਮਿਊਨਿਟੀ

ਨੈੱਟਵਰਕ, ਸਮਾਵੇਸ਼ੀ ਸਿੱਖਿਆ ਅਤੇ ਬਿਹਤਰ ਦੇਖਭਾਲ ਪ੍ਰਦਾਨ ਕਰਨ ਦੀ ਲੋੜ ਨੂੰ ਦਰਸਾਉਂਦਾ ਏ।

ਪੇਸ਼ ਏ ਇੱਕ ਰਿਪੋਰਟ:ਵਿਸ਼ਵ ਡਾਊਨ ਸਿੰਡਰੋਮ ਦਿਵਸ ਹਰ ਸਾਲ 21 ਮਾਰਚ ਨੂੰ ਵਿਸ਼ਵ ਭਰ ਵਿੱਚ ਮਨਾਇਆ ਜਾਂਦਾ ਏ। 21 ਮਾਰਚ, ਕਿਸੇ ਵਿਅਕਤੀ ਦੇ 21ਵੇਂ ਕ੍ਰੋਮੋਸੋਮ ਦੇ ਤਿੰਨ ਗੁਣਾਂ ਹੋਣ ਦੀ ਸਥਿਤੀ ਦੇ ਜੈਨੇਟਿਕ ਕਾਰਨ ਨੂੰ ਦਰਸਾਉਂਦਾ ਏ। ਇਸ ਸਾਲ ਦੇ ਵਿਸ਼ਵ ਡਾਊਨ ਸਿੰਡਰੋਮ ਦਿਵਸ ਦਾ ਵਿਸ਼ਾ, “Improve our support systems” ਏ। ਇਸ ਸਾਲ, ਇਹ ਯਕੀਨੀ ਬਣਾਇਆ ਜਾ ਰਿਹਾ ਏ ਕਿ ਡਾਊਨ ਸਿੰਡਰੋਮ ਤੋਂ ਪੀੜਤ ਲੋਕ ਸਨਮਾਨ ਦੀ ਜ਼ਿੰਦਗੀ ਜੀ ਸਕਣ। ਡਾਊਨ ਸਿੰਡਰੋਮ ਇੱਕ ਨਿਊਰੋ-ਡਿਵੈਲਪਮੈਂਟਲ ਡਿਸ-ਆਰਡਰ ਏ। ਇਹ ਵਿਗਾੜ ਵਿਅਕਤੀ ਨੂੰ ਮਾਨਸਿਕ ਅਤੇ ਸਰੀਰਕ ਤੌਰ 'ਤੇ ਪ੍ਰਭਾਵਿਤ ਕਰ ਸਕਦਾ ਏ। ਅੱਜ ਵਿਸ਼ਵ ਡਾਊਨ ਸਿੰਡਰੋਮ ਦਿਵਸ ਦੇ ਮੌਕੇ 'ਤੇ ਪੰਜਾਬ ਦੇ ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਨੇ ਦਿਵਯਾਂਗਜਨਾਂ ਦੇ ਸਿੱਖਿਆ ਅਤੇ ਸਸ਼ਕਤੀਕਰਨ ਲਈ ਚਲਾਏ ਗਏ UMEED ਪ੍ਰੋਜੈਕਟ ਤਹਿਤ ਪ੍ਰਮੁੱਖ NGO ਅਤੇ ਸਮਾਜਿਕ ਸਮੂਹਾਂ ਦੇ ਸਹਿਯੋਗ ਨਾਲ, ਡਿਪਟੀ ਕਮਿਸ਼ਨਰ

ਹਿਮਾਂਸ਼ੂ ਜੈਨ ਨੇ ਡਾਊਨ ਸਿੰਡਰੋਮ ਵਾਲੇ 16 ਵਿਅਕਤੀਆਂ ਨੂੰ ਸਨਮਾਨਿਤ ਕੀਤਾ, ਜਿਨ੍ਹਾਂ ਨੇ ਖੇਡਾਂ, ਕਲਾ, ਉੱਦਮਤਾ, ਅਕਾਦਮਿਕ ਅਤੇ ਭਾਈਚਾਰਕ ਸੇਵਾ ਵਰਗੇ ਖੇਤਰਾਂ ਵਿੱਚ ਨਵੀਆਂ ਉਚਾਈਆਂ ਛੂਹੀਆਂ ਨੇ।

BYTE

ਪ੍ਰੋਜੈਕਟ UMEED ਰੈਡ ਕਰਾਸ ਸੋਸਾਇਟੀ ਅਧੀਨ ਜ਼ਿਲਾ ਪ੍ਰਸ਼ਾਸਨ ਵੱਲੋਂ ਚਲਾਈ ਇੱਕ ਪਹਿਲ ਕਦਮੀ ਏ। ਇਸ ਦਾ ਉਦੇਸ਼ ਸ਼ਰੀਰਕ ਅਤੇ ਮਾਨਸਿਕ ਤੌਰ ਤੇ ਦਿਵਯਾਂਗ ਵਿਅਕਤੀਆਂ ਦੀ ਭਲਾਈ ਅਤੇ ਸਸ਼ਕਤੀਕਰਨ ਕਰਨਾ ਏ। ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ।

---------------------------------------------------

ਸ਼੍ਰੀ ਕੀਰਤਪੁਰ ਸਾਹਿਬ ਦੇ ਸਿਹਤ ਵਿਭਾਗ ਦੀ ਟੀਮ ਨੇ ਅੱਜ ਬੱਸ ਅੱਡੇ ਸਮੇਤ ਕਈ ਜਨਤਕ ਥਾਵਾਂ ’ਤੇ ਤੰਬਾਕੂਨੋਸ਼ੀ ਕਰਨ ਵਾਲਿਆਂ ਦੇ ਚਲਾਨ ਕੱਟ ਕੇ ਜੁਰਮਾਨਾ ਵਸੂਲ ਕੀਤਾ ਅਤੇ ਲੋਕਾਂ ਨੂੰ ਇਸਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਸੀਨੀਅਰ ਮੈਡੀਕਲ ਅਫ਼ਸਰ ਡਾ. ਦਲਜੀਤ ਕੌਰ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਲੋਕਾਂ ਨੂੰ

ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਬੀੜੀ, ਸਿਗਰੇਟ ਦਾ ਧੂੰਆਂ ਨਾ ਕੇਵਲ ਪੀਣ ਵਾਲੇ ਵਿਅਕਤੀ ਲਈ ਨੁਕਸਾਨਦਾਇਕ ਏ , ਸਗੋਂ ਇਹ ਸਮਾਜ ਅਤੇ ਆਲੇ ਦੁਆਲੇ ਮੌਜੂਦ ਲੋਕਾਂ ਦੀ ਸਿਹਤ ਲਈ ਵੀ ਵੱਡਾ ਖ਼ਤਰਾ ਏ।

------------------------------------------------

ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ , ਫਰੀਦਕੋਟ ਨੇ ਅੱਜ ਪੰਜਾਬ ਸਰਹੱਦੀ ਵਿਰਾਸਤ ਮਹੀਨੇ ਦੇ ਸਮਾਪਤੀ ਨਾਲ ਸ਼ਹੀਦੀ ਦਿਵਸ ਮਨਾਇਆ, ਜਿਸ ਨੂੰ ਵੀਰ ਅਤੇ ਵੈਟਰਨਜ਼ ਬਾਰਡਰ ਮੋਟਰਸਾਈਕਲ ਰੈਲੀ ਨਾਲ ਦਰਸਾਇਆ ਗਿਆ। ਇਸ ਸਮਾਗਮ ਵਿੱਚ ਦੇਸ਼ ਦੀਆਂ ਸਰਹੱਦਾਂ ਦੀ ਨਿਰਸਵਾਰਥ ਰੱਖਿਆ ਕਰਨ ਵਾਲੇ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਸਫ਼ਰ ਵਿੱਚ, ਸਾਬਕਾ ਸੈਨਿਕਾਂ, ਫੌਜੀ ਜਵਾਨਾਂ ਅਤੇ ਨਾਗਰਿਕਾਂ ਸਮੇਤ ਲਗਭਗ 60 ਬਾਈਕਰਾਂ ਨੇ ਪੰਜਾਬ ਦੀ ਅਮੀਰ ਫੌਜੀ ਵਿਰਾਸਤ ਦੀ ਅਟੁੱਟ ਭਾਵਨਾ ਦਾ ਜਸ਼ਨ ਮਨਾਇਆ। ਮੋਟਰਸਾਈਕਲ ਰੈਲੀ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ ਅਤੇ ਫਾਜ਼ਿਲਕਾ

ਵਿੱਚੋਂ ਲੰਘਦੀ ਹੋਈ  ਬਾਬਾ ਫਰੀਦ ਯੂਨੀਵਰਸਿਟੀ ਆਫ ਹੈਂਲਥ ਸਾਇੰਸਿਜ ਫਰੀਦਕੋਟ ਵਿਖੇ ਸਮਾਪਤ ਹੋਈ। ਵਾਈਸ ਚਾਂਸਲਰ, ਪ੍ਰੋਫੈਸਰ ਰਾਜੀਵ ਸੂਦ ਨੇ ਪੰਜਾਬ ਦੇ ਸਰਹੱਦੀ ਖੇਤਰਾਂ ਦੇ ਸੈਨਿਕਾਂ ਦੀ ਭਾਵਨਾ ਅਤੇ ਕੁਰਬਾਨੀਆਂ ਦੇ ਮਹੱਤਵ ਨੂੰ ਉਜਾਗਰ ਕੀਤਾ।

----------------------------------------------------